# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 02-04-2025**

- ਲੋਕ ਸਭਾ ਵਿਚ, ਵਕਫ਼ (ਤਰਮੀਮੀ ) ਬਿੱਲ-2025 'ਤੇ ਚਰਚਾ ਜਾਰੀ ਏ- ਘੱਟ ਗਿਣਤੀ ਮਾਮਲਿਆਂ ਬਾਰੇ ਕੇਂਦਰੀ ਮੰਤਰੀ ਕਿਰੇਨ ਰਿਜੀਜੂ ਨੇ ਕਿਹਾ ਬਿੱਲ ਦਾ ਉਦੇਸ਼, ਕਿਸੇ ਦੀ ਜਾਇਦਾਦ ਜ਼ਬਤ ਕਰਨਾ ਨਹੀਂ ।
- ਰਾਜ ਸਭਾ ਨੇ ਇਮੀਗ੍ਰੇਸ਼ਨ ਅਤੇ ਵਿਦੇਸ਼ੀਆਂ ਬਾਰੇ ਬਿੱਲ, 2025 ਨੂੰ ਪਾਸ ਕੀਤਾ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵਲੋਂ ਕੱਲ ਤੋਂ 8 ਅਪ੍ਰੈਲ ਤੱਕ ਗੁਰਦਾਸਪੁਰ ਅਤੇ ਅੰਮ੍ਰਿਤਸਰ ਸਾਹਿਬ ਜ਼ਿਲ੍ਹਿਆਂ ਵਿੱਚ ਨਸ਼ਿਆਂ ਖਿਲਾਫ ਪੈਦਲ ਯਾਤਰਾ ਕੱਢੀ ਜਾਵੇਗੀ।
- ਪੰਜਾਬ ਦੇ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਨੇ ਮੁਹਾਲੀ ਵਿਖੇ ਸੂਬੇ ਦੇ ਪਹਿਲੇ ਆਧੁਨਿਕ ਔਟਿਜ਼ਮ ਸੰਭਾਲ ਅਤੇ ਖੋਜ ਕੇਂਦਰ ਦੀ ਉਦਘਾਟਨ ਕੀਤਾ।

---

ਲੋਕ ਸਭਾ ਵਿਚ, ਵਕਫ਼ (ਤਰਮੀਮੀ ) ਬਿੱਲ, 2025 'ਤੇ ਚਰਚਾ ਜਾਰੀ

ਏ। ਸਾਂਝੀ ਪਾਰਲੀਮੈਂਟਰੀ ਕਮੇਟੀ ਇਸ ਬਿਲ ਨੂੰ ਪਹਿਲਾਂ ਹੀ ਮਨਜ਼ੂਰ ਕਰ ਚੁਕੀ ਏ। ਘੱਟ ਗਿਣਤੀ ਮਾਮਲਿਆਂ ਬਾਰੇ ਕੇਂਦਰੀ ਮੰਤਰੀ ਕਿਰੇਨ ਰਿਜੀਜੂ ਨੇ ਬਿੱਲ ਪੇਸ਼ ਕਰਦਿਆਂ ਕਿਹਾ ਕਿ, ਇਸਦਾ ਮੁਸਲਮਾਨਾਂ ਦੀਆਂ ਧਾਰਮਿਕ ਰਵਾਇਤਾਂ ਨਾਲ ਕੋਈ ਲੈਣਾ-ਦੇਣਾ ਨਹੀਂ ਏ ਅਤੇ ਇਹ ਸਿਰਫ ਵਕਫ਼ ਬੋਰਡਾਂ ਨਾਲ ਸਬੰਧਤ ਜਾਇਦਾਦਾਂ ਨਾਲ ਸਬੰਧਤ ਏ। ਉਨ੍ਹਾਂ ਕਿਹਾ ਕਿ ਸਰਕਾਰ ਵਕਫ਼ ਬੋਰਡਾਂ ਨੂੰ ਸਮਾਵੇਸ਼ੀ ਅਤੇ ਧਰਮ ਨਿਰਪੱਖ ਬਣਾਉਣਾ ਚਾਹੁੰਦੀ ਏ। ਉਨ੍ਹਾਂ ਇਹ ਵੀ ਕਿਹਾ ਕਿ ਇਹ ਕਾਨੂੰਨ, ਕਿਸੇ ਮਸਜਿਦ ਦੇ ਪ੍ਰਬੰਧ ਸੰਬੰਧੀ ਨਹੀਂ ਏ। ਮੰਤਰੀ ਨੇ ਇਸ ਕਾਨੂੰਨ ਨੂੰ ਭਵਿਖਮੁਖੀ ਕਰਾਰ ਦਿੰਦਿਆਂ ਕਿਹਾ ਏ ਕਿ ਇਸਦਾ ਉਦੇਸ਼ ਕਿਸੇ ਦੀ ਜਾਇਦਾਦ ਜ਼ਬਤ ਕਰਨਾ ਨਹੀਂ ਏ **। BYTE**

ਸ਼੍ਰੀ ਰਿਜੀਜੂ ਨੇ ਕਿਹਾ ਕਿ , ਮੌਜੂਦਾ ਬਿੱਲ ਅਨੁਸਾਰ, ਵਕਫ਼ ਬੋਰਡਾਂ ਵਿੱਚ ਵੱਖ-ਵੱਖ ਮੁਸਲਿਮ ਸੰਪਰਦਾਵਾਂ, ਔਰਤਾਂ ਅਤੇ ਗੈਰ-ਮੁਸਲਮਾਨਾਂ ਅਤੇ ਹੋਰਾਂ ਦੇ ਨੁਮਾਇੰਦੇ ਹੋਣਗੇ। ਉਨ੍ਹਾਂ ਵਿਰੋਧੀ ਧਿਰ 'ਤੇ ਬਿੱਲ ਬਾਰੇ ਲੋਕਾਂ ਨੂੰ ਗੁੰਮਰਾਹ ਕਰਨ ਦਾ ਇਲ੍ਜ਼ਾਮ ਲਾਇਆ।

**ਪੇਸ਼ ਏ ਇਕ ਰਿਪੋਰਟ**

ਘੱਟ ਗਿਣਤੀ ਮਾਮਲਿਆਂ ਬਾਰੇ ਮੰਤਰੀ ਨੇ ਮੁਸਲਿਮ ਵਕਫ਼ (ਰੱਦ) ਬਿੱਲ, 2024 ਵੀ ਪੇਸ਼ ਕੀਤਾ। ਕਾਂਗਰਸ ਦੇ ਗੌਰਵ ਗੋਗੋਈ ਨੇ ਸਰਕਾਰ

'ਤੇ ਇਸ ਬਿੱਲ 'ਤੇ ਲੋਕਾਂ ਨੂੰ ਗੁੰਮਰਾਹ ਕਰਨ ਦਾ ਇਲ੍ਜ਼ਾਮ ਲਾਉਂਦਿਆਂ ਕਿਹਾ ਕਿ ਇਹ ਬਿੱਲ ਸੰਵਿਧਾਨ ਦੇ ਖਿਲਾਫ਼ ਏ। ਸਮਾਜਵਾਦੀ ਪਾਰਟੀ ਦੇ ਅਖਿਲੇਸ਼ ਯਾਦਵ ਨੇ ਇਲ੍ਜ਼ਾਮ ਲਗਾਇਆ ਕਿ ਇਹ ਬਿੱਲ ਸਰਕਾਰ ਵੱਲੋਂ ਮਹਿੰਗਾਈ, ਬੇਰੁਜ਼ਗਾਰੀ, ਨੋਟਬੰਦੀ ਅਤੇ ਹੋਰ ਮੁੱਦਿਆਂ ਨਾਲ ਸਬੰਧਤ ਆਪਣੀ ਅਸਫਲਤਾ ਨੂੰ ਛੁਪਾਉਣ ਲਈ ਲਿਆਂਦਾ ਗਿਆ ਏ। ਟੀ.ਐਮ.ਸੀ ਸੰਸਦ ਮੈਂਬਰ ਕਲਿਆਣ ਬੈਨਰਜੀ ਨੇ ਤਜਵੀਜ਼ਸ਼ੁਦਾ ਕਾਨੂੰਨ ਨੂੰ ਗਲਤ, ਤਰਕਹੀਣ ਅਤੇ ਮਨਮਾਨੀ ਕਰਾਰ ਦਿੱਤਾ। ਵਿਰੋਧੀ ਧਿਰ ਨੂੰ ਜੁਆਬ ਦਿੰਦਿਆਂ, ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ, ਕੈਬਨਿਟ ਵੱਲੋਂ ਮਨਜ਼ੂਰਸ਼ੁਦਾ, ਸਾਂਝੀ ਸੰਸਦੀ ਕਮੇਟੀ ਵੱਲੋਂ ਵੇਰਵੇ ਸਹਿਤ ਵਿਚਾਰ-ਵਟਾਂਦਰੇ ਤੋਂ ਬਾਅਦ ਬਿੱਲ ਲਿਆਂਦਾ ਗਿਆ ਏ। ਚਰਚਾ ਚੱਲ ਰਹੀ ਏ।

-----------------------------------------------------------------------------

ਰਾਜ ਸਭਾ ਨੇ ਇਮੀਗ੍ਰੇਸ਼ਨ ਅਤੇ ਵਿਦੇਸ਼ੀਆਂ ਬਾਰੇ ਬਿੱਲ, 2025 ਪਾਸ ਕਰ ਦਿੱਤਾ ਏ। ਇਸ ਬਿੱਲ ਦਾ ਉਦੇਸ਼ ਇਮੀਗ੍ਰੇਸ਼ਨ ਕਾਨੂੰਨਾਂ ਨੂੰ ਆਧੁਨਿਕ ਬਣਾਉਣਾ ਏ ਅਤੇ ਇਸ ਵਿੱਚ ਪਾਸਪੋਰਟ, ਯਾਤਰਾ ਦਸਤਾਵੇਜ਼, ਵੀਜ਼ਾ ਅਤੇ ਰਜਿਸਟ੍ਰੇਸ਼ਨ ਦੇ ਸੰਬੰਧ ਵਿੱਚ ਕੇਂਦਰ ਸਰਕਾਰ ਨੂੰ ਕੁਝ ਸ਼ਕਤੀਆਂ ਪ੍ਰਦਾਨ ਕਰਨ ਦਾ ਪ੍ਰਬੰਧ ਏ। ਇਹ ਕਾਨੂੰਨ, ਕਾਨੂੰਨਾਂ

ਦੀ ਬਹੁਲਤਾ ਅਤੇ ਓਵਰਲੈਪਿੰਗ ਤੋਂ ਬਚਣ ਲਈ ਲਿਆਂਦਾ ਗਿਆ ਏ । ਗ੍ਰਹਿ ਰਾਜ ਮੰਤਰੀ ਨਿਤਿਆਨੰਦ ਰਾਏ ਨੇ ਰਾਜ ਸਭਾ ਵਿੱਚ ਬਿੱਲ ਪੇਸ਼ ਕੀਤਾ ਜੋ ਕਿ ਲੋਕ ਸਭਾ ਵੱਲੋਂ ਪਹਿਲਾਂ ਹੀ ਪਾਸ ਹੋ ਚੁਕਿਆ ਏ।

----------------------------------------------------------------------------

ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਏ ਕਿ ਡੇਢ ਸਾਲ ਦੇ ਅੰਦਰ-ਅੰਦਰ ਸਾਰੇ ਰੇਲਵੇ ਸਟੇਸ਼ਨਾਂ 'ਤੇ ਲੋੜੀਂਦੀ ਗਿਣਤੀ ਵਿੱਚ ਸੀ.ਸੀ.ਟੀ.ਵੀ. ਕੈਮਰੇ ਲਗਾਏ ਜਾਣਗੇ। ਪ੍ਰਸ਼ਨ ਕਾਲ ਦੌਰਾਨ ਪੂਰਕਾਂ ਦਾ ਜਵਾਬ ਦਿੰਦੇ ਹੋਏ ਸ਼੍ਰੀ ਵੈਸ਼ਨਵ ਨੇ ਕਿਹਾ ਕਿ ਭਾਰਤੀ ਰੇਲਵੇ ਨੇ ਮਹਿਲਾਵਾਂ ਦੀ ਸੁਰੱਖਿਆ ਲਈ ਕਈ ਕਦਮ ਚੁੱਕੇ ਨੇ ।

**BYTE:**

----------------------------------------------------------------------------

ਪੰਜਾਬ ਵਿਚੋਂ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਸਮੂਹ ਭਾਈਵਾਲਾਂ ਨੂੰ ਅੱਗੇ ਆਉਣ ਦਾ ਸੱਦਾ ਦਿੰਦਿਆਂ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਇਸ ਨੇਕ ਕਾਰਜ ਵਿੱਚ ਸਫ਼ਲਤਾ ਹਾਸਲ ਕਰਨ ਲਈ, ਨਸ਼ਿਆਂ ਵਿਰੁੱਧ ਜੰਗ ਨੂੰ ਲੋਕ ਲਹਿਰ ਵਿੱਚ ਬਦਲਣ ਦੀ ਲੋੜ ਏ । ਓਹਨਾ ਨੇ ਕਿਹਾ ਕਿ ਇਸ ਟੀਚੇ ਨੂੰ ਧਿਆਨ ਵਿੱਚ ਰੱਖਦੇ ਹੋਏ, 3 ਅਪ੍ਰੈਲ ਤੋਂ 8 ਅਪ੍ਰੈਲ, 2025 ਤੱਕ ਗੁਰਦਾਸਪੁਰ ਅਤੇ ਸ੍ਰੀ ਅੰਮ੍ਰਿਤਸਰ ਸਾਹਿਬ ਜ਼ਿਲ੍ਹਿਆਂ ਵਿੱਚ ਨਸ਼ਿਆਂ ਵਿਰੁੱਧ ਪੈਦਲ ਯਾਤਰਾ

ਕੱਢੀ ਜਾਵੇਗੀ। ਇਸ ਪੈਦਲ ਯਾਤਰਾ ਨੂੰ ਸੂਬਾ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਿਆਂ ਵਿਰੁੱਧ ਜੰਗ ਦੇ ਯਤਨਾਂ ਦਾ ਹਿੱਸਾ ਦੱਸਦਿਆਂ ਸ੍ਰੀ ਕਟਾਰੀਆ ਨੇ ਕਿਹਾ ਕਿ ਜਦੋਂ ਸਮਾਜ ਦੇ ਸਾਰੇ ਵਰਗ ਮਿਲ ਕੇ ਯਤਨ ਕਰਨਗੇ ਤਾਂ ਉਹ ਸਮਾਂ ਦੂਰ ਨਹੀਂ, ਜਦੋਂ ਪੰਜਾਬ ਦੀ ਪਵਿੱਤਰ ਧਰਤੀ ਤੋਂ ਨਸ਼ਿਆਂ ਦਾ ਮੁਕੰਮਲ ਖ਼ਾਤਮਾ ਹੋ ਜਾਵੇਗਾ।

---------------------------------------------------------------------------------

ਪੰਜਾਬ ਦੇ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਨੇ ਮੁਹਾਲੀ ਵਿਖੇ ਸੂਬੇ ਦੇ ਪਹਿਲੇ ਆਧੁਨਿਕ ਔਟਿਜ਼ਮ ਸੰਭਾਲ ਅਤੇ ਖੋਜ ਕੇਂਦਰ ਉਦਘਾਟਨ ਕੀਤਾ ਤੇ ਇਸ ਵਰ੍ਹੇ ਦੇ ਥੀਮ ਬਾਰੇ ਦਸਿਆ । ਸਿਹਤ ਮੰਤਰੀ ਨੇ ਸੈਂਟਰ ਦਾ ਦੌਰਾ ਕਰਕੇ ਔਟਿਜ਼ਮ ਵਾਲੇ ਬੱਚਿਆਂ ਨੂੰ ਦਿੱਤੀ ਜਾਣ ਵਾਲੀ ਸੁਵਿਧਾਵਾਂ ਤੇ ਸਹੂਲਤਾਂ ਬਾਰੇ ਜਾਣਕਾਰੀ ਲਈ ਤੇ ਬੱਚਿਆਂ ਅਤੇ ਉਹਨਾਂ ਦੇ ਮਾਪਿਆਂ ਨਾਲ ਗਲ ਬਾਤ ਵੀ ਕੀਤੀ । ਉਹਨਾਂ ਔਟਿਸਮ ਦੀ ਪੜ੍ਹਾਈ ਕਰਨ ਵਾਲੇ ਅਧਿਆਪਕਾਂ ਨਾਲ ਵੀ ਮੁਲਾਕਾਤ ਕਰਕੇ ਸਾਰੀ ਪ੍ਰਕਿਰਿਆ ਬਾਰੇ ਜਾਣਿਆ । ਮੰਤਰੀ ਨੇ ਔਟਜਿਮ ਨਾਲ ਪੀੜਿਤ ਬੱਚਿਆਂ ਪ੍ਰਤੀ ਸਮਾਜ ਦੇ ਰੱਵਈਏ ਤੇ ਅਫਸੋਸ ਜਹਿਰ ਕਰਦਿਆਂ ਕੁੱਝ ਮਨੇ-ਪ੍ਰਮਨੇ ਲੋਕਾਂ ਬਾਰੇ ਜਾਣਕਾਰੀ ਦਿੱਤੀ ਜੋ ਮਾਤਾ ਪਿਤਾ ਦੀ ਕੋਸ਼ਿਸ਼ ਸਦਕਾ ਨੋਬਲ ਪੁਰਸਕਾਰ ਤਕ ਪਹੁੰਚੇ । ਓਹਨਾਂ ਨਾਲ ਸੈਂਟਰ ਦੀ ਇੰਚਾਰਜ ਤੇ ਮੋਹਾਲੀ ਮੈਡੀਕਲ

ਕਾਲਜ ਦੀ ਪ੍ਰਿੰਸਪਲ ਡਾਇਰੈਕਟਰ  ਡਾਕਟਰ ਭਵਨੀਤ ਭਾਰਤੀ ਤੇ ਸਿਹਤ ਮਹਿਕਮੇ ਦੇ ਉੱਚ ਅਧਿਕਾਰੀ ਵੀ ਹਾਜਰ ਸਨ । ਜ਼ਿਕਰਯੋਗ ਏ ਕਿ ਸੰਯੁਕਤ ਰਾਸ਼ਟਰ ਮਹਾਂ ਸਭਾ ਨੇ, ਸਰਬ-ਸੰਮਤੀ ਨਾਲ 2 ਅਪ੍ਰੈਲ ਨੂੰ ਵਿਸ਼ਵ ਔਟਿਜ਼ਮ ਜਾਗਰੂਕਤਾ ਦਿਵਸ ਵਜੋਂ ਐਲਾਨਿਆਂ ਏ ਤਾਂ ਜੋ ਔਟਿਜ਼ਮ ਵਾਲੇ ਲੋਕਾਂ ਦੇ ਜੀਵਨ ਦੀ ਗੁਣਵੱਤਾ ਵਿੱਚ ਸੁਧਾਰ ਕੀਤਾ ਜਾ ਸਕੇ ।

--------------------------------------------------------------------------------

1500 ਤੋਂ ਵੱਧ ਐਨ.ਸੀ.ਸੀ. ਕੈਡਿਟਾਂ, ਐਸੋਸੀਏਟ ਐਨ.ਸੀ.ਸੀ. ਅਫਸਰਾਂ ਅਤੇ ਸਥਾਈ ਨਿਰਦੇਸ਼ਕ ਸਟਾਫ਼ ਨੇ, ਇਕਜੁਟਤਾ ਦੇ ਇੱਕ ਵੱਡੇ ਪ੍ਰਦਰਸ਼ਨ ਵਿੱਚ ਅੱਜ ਲੁਧਿਆਣਾ ਵਿੱਚ ਸੂਬਾ-ਪੱਧਰੀ "ਯੁੱਧ ਨਸ਼ਿਆਂ ਵਿਰੁਧ" ਰੈਲੀ ਦਾ ਆਯੋਜਨ ਕੀਤਾ। ਇਸ ਮੁਹਿੰਮ ਦਾ ਉਦੇਸ਼ ਪੰਜਾਬ ਵਿੱਚ ਨਸ਼ਿਆਂ ਦੀ ਦੁਰਵਰਤੋਂ ਦੇ ਵਿਆਪਕ ਮੁੱਦੇ ਨਾਲ ਨਜਿੱਠਣ ਲਈ ਭਾਈਚਾਰਕ ਸਮਰਥਨ ਨੂੰ ਉਤਸ਼ਾਹਿਤ ਕਰਨਾ ਅਤੇ ਨੌਜਵਾਨਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਏ । ਐਨ.ਸੀ.ਸੀ. ਦੀ ਅਗਵਾਈ ਵਿੱਚ, ਮਾਰਚ ਨੇ ਨਸ਼ਿਆਂ ਦੇ ਵਿਨਾਸ਼ਕਾਰੀ ਪ੍ਰਭਾਵਾਂ ਦਾ ਮੁਕਾਬਲਾ ਕਰਨ ਲਈ ਸਮੂਹਿਕ ਕਾਰਵਾਈ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਹ ਸਮਾਗਮ ਨੌਜਵਾਨ ਪੀੜ੍ਹੀ ਨੂੰ ਸ਼ਾਮਲ ਕਰਨ, ਨਸ਼ਿਆਂ ਨੂੰ ਰੱਦ ਕਰਕੇ ਅਤੇ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਕੇ, ਸਮਾਜ ਵਿੱਚ

ਸਕਾਰਾਤਮਕ ਯੋਗਦਾਨ ਪਾਉਣ ਲਈ ਉਤਸ਼ਾਹਿਤ ਕਰਨ 'ਤੇ ਕੇਂਦ੍ਰਿਤ ਸੀ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਐਨ.ਸੀ.ਸੀ. ਕੈਡਿਟਾਂ ਨੂੰ ਨਸ਼ਿਆਂ ਖਿਲਾਫ ਆਪਣੀ ਲੜਾਈ ਜਾਰੀ ਰੱਖਣ ਅਤੇ ਨਸ਼ਾ ਮੁਕਤ ਪੰਜਾਬ ਦੇ ਦ੍ਰਿਸ਼ਟੀਕੋਣ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ। "ਯੁੱਧ ਨਸ਼ਿਆਂ ਵਿਰੁਧ" ਮੁਹਿੰਮ ਦਾ ਉਦੇਸ਼ ਨੌਜਵਾਨਾਂ ਨੂੰ ਆਪਣੇ ਇਲਾਕਿਆਂ ਵਿੱਚ 'ਬਦਲਾਅ ਏਜੰਟ' ਵਜੋਂ ਕੰਮ ਕਰਨ ਲਈ ਲਾਮਬੰਦ ਕਰਨਾ ਏ। ਇਸ ਸਮਾਗਮ ਵਿੱਚ ਉੱਘੀਆਂ ਹਸਤੀਆਂ, ਸਮਾਜਿਕ ਸੰਗਠਨਾਂ ਅਤੇ ਪ੍ਰਮੁੱਖ ਵਿਦਿਅਕ ਸੰਸਥਾਵਾਂ ਨੇ ਹਿੱਸਾ ਲਿਆ।

-----------------------------------------------------------------------------

ਜਲੰਧਰ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਨੇ ਇਹ ਦਾਅਵਾ ਕੀਤਾ ਏ ਕਿ ਸ਼ਹਿਰ ਵਿੱਚ ਨਸ਼ਾ ਤਸਕਰਾਂ ਦੀਆਂ ਵੱਡੀਆਂ ਗ੍ਰਿਫ਼ਤਾਰੀਆਂ ਅਤੇ ਓਹਨਾ ਤੇ ਕਾਰਵਾਈਆਂ ਨੇ ਜ਼ਮੀਨੀ ਪੱਧਰ 'ਤੇ ਨਸ਼ੀਲੇ ਪਦਾਰਥਾਂ ਦੀ ਸਪਲਾਈ ਚੇਨ ਨੂੰ ਸਫਲਤਾਪੂਰਵਕ ਤੋੜ ਦਿੱਤਾ ਏ। ਇੱਕ ਸਾਂਝੀ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ 'ਯੁੱਧ ਨਸ਼ਿਆਂ ਵਿਰੋਧ' ਮੁਹਿੰਮ ਦੀਆਂ ਪ੍ਰਾਪਤੀਆਂ ਸਾਂਝੀਆਂ ਕਰਦਿਆਂ ਖੁਲਾਸਾ ਕੀਤਾ ਕਿ ਜਲੰਧਰ ਕਮਿਸ਼ਨਰੇਟ ਪੁਲਿਸ ਨੇ, 101 ਮਾਮਲੇ ਦਰਜ ਕੀਤੇ ਨੇ ਅਤੇ 121 ਨਸ਼ਿਆਂ ਦੇ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ। ਜਲੰਧਰ ਸ਼ਹਿਰ

ਵਿੱਚ ਨਸ਼ੀਲੇ ਪਦਾਰਥਾਂ ਦੇ ਤਸਕਰਾਂ ਦੁਆਰਾ ਕਬਜ਼ੇ ਵਾਲੀ ਸਰਕਾਰੀ ਜ਼ਮੀਨ 'ਤੇ ਬਣਾਈਆਂ ਗਈਆਂ ਕੁਝ ਗੈਰ-ਕਾਨੂੰਨੀ ਉਸਾਰੀਆਂ ਨੂੰ ਢਾਹ ਦਿੱਤਾ ਗਿਆ ਏ। ਇਸ ਤੋਂ ਇਲਾਵਾ, ਪੁਲਿਸ ਵਿਭਾਗ ਨੇ ਨਸ਼ਿਆਂ ਦੇ ਤਸਕਰਾਂ ਨਾਲ ਸਬੰਧਤ ਸਾਢੇ 3 ਕਰੋੜ ਰੁਪਏ ਤੋਂ ਵੱਧ ਦੀਆਂ ਗੈਰ-ਕਾਨੂੰਨੀ ਕਬਜ਼ੇ ਵਾਲੀਆਂ ਜਾਇਦਾਦਾਂ ਨੂੰ ਜ਼ਬਤ ਕਰਨ ਲਈ 9 ਤਜਵੀਜ਼ਾਂ ਪੇਸ਼ ਕੀਤੀਆਂ ਗਈਆਂ ਨੇ । ਡਿਪਟੀ ਕਮਿਸ਼ਨਰ ਡਾ. ਅਗਰਵਾਲ ਨੇ ਕਿਹਾ ਕਿ ਜਲੰਧਰ ਵਿੱਚ ਕੰਮ ਕਰ ਰਹੇ ਦੋ ਨਸ਼ਾ ਛੁਡਾਊ ਕੇਂਦਰਾਂ ਨੂੰ ਅਪਗ੍ਰੇਡ ਕੀਤਾ ਜਾਵੇਗਾ ਤਾਂ ਜੋ ਨਸ਼ੇਆਂ ਦੇ ਆਦੀ ਲੋਕਾਂ ਨੂੰ ਨੌਕਰੀਆਂ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਨਸ਼ੇ ਤੋਂ ਛੁਟਕਾਰਾ ਪਾਉਣ ਵਿੱਚ ਮਦਦ ਕੀਤੀ ਜਾ ਸਕੇ। **BYTE**

ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਕਿਹਾ ਕਿ ਸਕੂਲੀ ਵਿਦਿਆਰਥੀਆਂ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ 'ਸੰਪਰਕ' ਪ੍ਰੋਗਰਾਮ ਪਹਿਲਾਂ ਹੀ ਸ਼ੁਰੂ ਕੀਤਾ ਜਾ ਚੁੱਕਾ ਹੈ।
**BYTE:**

ਓਹਨਾ ਦੱਸਿਆ ਕਿ ਪ੍ਰਸ਼ਾਸਨ ਨੇ ਸਬ ਤੋਂ ਵੱਧ ਨਸ਼ੇ ਦੀ ਵਿਕਰੀ ਵਾਲ਼ੀਆਂ ਥਾਵਾਂ ਅਤੇ ਨਸ਼ਾ ਤਸਕਰੀ ਵਿੱਚ ਸ਼ਾਮਲ ਲੋਕਾਂ ਦੀ ਪਛਾਣ ਵੀ ਕੀਤੀ ਏ ਅਤੇ ਜਲਦੀ ਹੀ ਕਾਰਵਾਈ ਕੀਤੀ ਜਾਵੇਗੀ।

----------------------------------------------------------------------

ਪੰਜਾਬ ਪੁਲਿਸ ਨੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਬਿਕਰਮ ਸਿੰਘ ਮਜੀਠੀਆ ਦੀ ਸੁਰੱਖਿਆ ਪੂਰੀ ਤਰ੍ਹਾਂ ਵਾਪਸ ਲੈਣ ਦੇ ਦਾਅਵੇ ਵਾਲੀਆਂ ਰਿਪੋਰਟਾਂ ਨੂੰ ਰੱਦ ਕਰਦਿਆਂ ਇਹ ਸਪੱਸ਼ਟ ਕੀਤਾ ਕਿ ਉਨ੍ਹਾਂ ਦੀ ਸੁਰੱਖਿਆ ਨੂੰ ਸਿਰਫ ਖ਼ਤਰੇ ਦੇ ਅਨੁਮਾਨ ਦੇ ਮੁੜ ਮੁਲਾਂਕਣ ਦੇ ਅਧਾਰ 'ਤੇ ਘਟਾਇਆ ਗਿਆ ਏ । ਇੱਕ ਸਰਕਾਰੀ ਬੁਲਾਰੇ ਨੇ ਕਿਹਾ ਕਿ ਸੁਰੱਖਿਆ ਸਮੀਖਿਆ ਕਮੇਟੀ ਦੀਆਂ ਨਵੀਆਂ ਸਿਫ਼ਾਰਸ਼ਾਂ ਤੋਂ ਬਾਅਦ ਇਹ ਵਿਵਸਥਾ ਕੀਤੀ ਗਈ ਏ। ਬੁਲਾਰੇ ਨੇ ਦੱਸਿਆ ਕੇ ਕਿਸੇ ਵੀ ਪ੍ਰਮੁੱਖ ਵਿਅਕਤੀ ਦੀ ਸੁਰੱਖਿਆ ਦੀ ਸਮੇਂ-ਸਮੇਂ 'ਤੇ ਖ਼ਤਰੇ ਦੇ ਮੁਲਾਂਕਣ ਦੇ ਅਧਾਰ 'ਤੇ ਸਮੀਖਿਆ ਕੀਤੀ ਜਾਂਦੀ ਏ ਜਿਸ ਅਨੁਸਾਰ ਇਸਨੂੰ ਵਧਾਇਆ ਜਾਂ ਘਟਾਇਆ ਜਾਂਦਾ ਏ। ਓਹਨਾ ਇਹ ਵੀ ਕਿਹਾ ਕਿ ਸ੍ਰੀ ਮਜੀਠੀਆ ਕੋਲ ਅਜੇ ਵੀ ਪ੍ਰੋਟੋਕੋਲ ਅਨੁਸਾਰ ਲੋੜੀਂਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਗਿਆ ਏ ।

---

- ਲੋਕ ਸਭਾ ਵਿਚ, ਵਕਫ਼ (ਤਰਮੀਮੀ ) ਬਿੱਲ-2025 'ਤੇ ਚਰਚਾ ਜਾਰੀ ਏ- ਘੱਟ ਗਿਣਤੀ ਮਾਮਲਿਆਂ ਬਾਰੇ ਕੇਂਦਰੀ ਮੰਤਰੀ ਕਿਰੇਨ ਰਿਜੀਜੂ ਨੇ ਕਿਹਾ ਬਿੱਲ ਦਾ ਉਦੇਸ਼, ਕਿਸੇ ਦੀ ਜਾਇਦਾਦ ਜ਼ਬਤ ਕਰਨਾ ਨਹੀਂ ।

- ਰਾਜ ਸਭਾ ਨੇ ਇਮੀਗ੍ਰੇਸ਼ਨ ਅਤੇ ਵਿਦੇਸ਼ੀਆਂ ਬਾਰੇ ਬਿੱਲ, 2025 ਨੂੰ ਪਾਸ ਕੀਤਾ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵਲੋਂ ਕੱਲ ਤੋਂ 8 ਅਪ੍ਰੈਲ ਤੱਕ ਗੁਰਦਾਸਪੁਰ ਅਤੇ ਅੰਮ੍ਰਿਤਸਰ ਸਾਹਿਬ ਜ਼ਿਲ੍ਹਿਆਂ ਵਿੱਚ ਨਸ਼ਿਆਂ ਖਿਲਾਫ ਪੈਦਲ ਯਾਤਰਾ ਕੱਢੀ ਜਾਵੇਗੀ।
- ਪੰਜਾਬ ਦੇ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਨੇ ਮੁਹਾਲੀ ਵਿਖੇ ਸੂਬੇ ਦੇ ਪਹਿਲੇ ਆਧੁਨਿਕ ਔਟਿਜ਼ਮ ਸੰਭਾਲ ਅਤੇ ਖੋਜ ਕੇਂਦਰ ਦੀ ਉਦਘਾਟਨ ਕੀਤਾ।